# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-08-2024**

- ਖ਼ਜ਼ਾਨਾ ਰਾਜ ਮੰਤਰੀ ਪੰਕਜ ਚੌਧਰੀ ਮੁਤਾਬਿਕ , ਪੇਂਡੂ ਖੇਤਰਾਂ ਵਿੱਚ ਜ਼ਮੀਨੀ ਪੱਧਰ ਦਾ ਕਰਜ਼ਾ 2014 ਦੇ ਮੁਕਾਬਲੇ 2024 ਵਿੱਚ ਵੱਧ ਕੇ 25 ਲੱਖ 46 ਹਜ਼ਾਰ ਕਰੋੜ ਰੁਪਏ ਹੋ ਗਿਆ ਏ।
- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ, ਵਾਤਾਵਰਣ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਬੂਟੇ ਲਾਉਣ ਦੀ ਜਰੂਰਤ ’ਤੇ ਜ਼ੋਰ ਦਿੱਤਾ ਏ।
- ਭਾਰਤ ਚੋਣ ਕਮਿਸ਼ਨ ਨੇ ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਲੜਨ ਵਾਲੇ 6 ਉਮੀਦਵਾਰਾਂ ਨੂੰ ਅਯੋਗ ਐਲਾਨਿਆ।
- ਪੈਰਿਸ ਓਲੰਪਿਕ ਵਿਚ ਭਾਰਤੀ ਹਾਕੀ ਟੀਮ ਭਲਕੇ 6 ਅਗਸਤ ਨੂੰ, ਆਪਣਾ ਸੈਮੀ-ਫਾਈਨਲ ਮੈਚ ਜਰਮਨੀ ਨਾਲ ਖੇਡੇਗੀ।

---

ਖ਼ਜ਼ਾਨਾ ਰਾਜ ਮੰਤਰੀ ਪੰਕਜ ਚੌਧਰੀ ਨੇ ਕਿਹਾ ਏ, ਕਿ ਪੇਂਡੂ ਖੇਤਰਾਂ ਵਿੱਚ

ਜ਼ਮੀਨੀ ਪੱਧਰ ਦਾ ਕਰਜ਼ਾ 2014 ਵਿੱਚ 7 ਲੱਖ 30 ਹਜ਼ਾਰ ਕਰੋੜ ਰੁਪਏ ਤੋਂ ਵਧ ਕੇ 2024 ਵਿੱਚ, 25 ਲੱਖ 46 ਹਜ਼ਾਰ ਕਰੋੜ ਰੁਪਏ ਹੋ ਗਿਆ ਏ, ਤਾਂ ਜੋ ਲੋਕ ਇਸ ਦਾ ਲਾਭ ਲੈ ਸਕਣ। ਲੋਕ ਸਭਾ ਵਿੱਚ ਪੂਰਕ ਸਵਾਲਾਂ ਦੇ ਜਵਾਬ ਵਿੱਚ ਉਨਾਂ ਸਦਨ ਨੂੰ ਦੱਸਿਆ ਕਿ ਕਿਸਾਨ ਕ੍ਰੈਡਿਟ ਕਾਰਡ ਤਹਿਤ ਕਿਸਾਨਾਂ ਨੂੰ 4 ਲੱਖ 26 ਹਜ਼ਾਰ ਕਰੋੜ ਰੁਪਏ ਦਾ ਫਸਲੀ ਕਰਜ਼ਾ ਦਿੱਤਾ ਗਿਆ ਸੀ ਜਦੋਂਕਿ 2014 ਵਿੱਚ ਇਹ ਵਧ ਕੇ 9 ਲੱਖ 82 ਹਜ਼ਾਰ ਕਰੋੜ ਰੁਪਏ ਹੋ ਗਿਆ ਸੀ। ਪੰਕਜ ਚੌਧਰੀ ਨੇ ਦੱਸਿਆ ਕਿ ਸਰਕਾਰ ਨੇ ਕਿਸਾਨਾਂ ਦੀ ਭਲਾਈ ਅਤੇ ਖੇਤੀ ਉਪਜ ਨੂੰ ਵਧਾਉਣ ਲਈ ਬਹੁਤ ਸਾਰੇ ਉਪਰਾਲੇ ਕੀਤੇ ਨੇ ਅਤੇ ਪ੍ਰਧਾਨ ਮੰਤਰੀ ਜਨ ਧਨ ਯੋਜਨਾ ਤਹਿਤ ਮਾਲੀ ਸਮਾਵੇਸ਼ ਨੂੰ ਯਕੀਨੀ ਬਣਾਉਣ ਲਈ 52 ਕਰੋੜ ਤੋਂ ਵੱਧ ਖਾਤੇ ਖੋਲ੍ਹੇ ਗਏ ਨੇ। ਪੰਕਜ ਚੌਧਰੀ ਨੇ ਕਿਹਾ ਕਿ ਸਰਕਾਰ ਨੇ ਮੁਦਰਾ ਯੋਜਨਾ ਅਤੇ ਸਟਾਰਟਅੱਪ ਇੰਡੀਆ ਸਮੇਤ ਨੌਜਵਾਨਾਂ ਲਈ ਕਈ ਯੋਜਨਾਵਾਂ ਲਾਗੂ ਕੀਤੀਆਂ ਨੇ। ਉਨ੍ਹਾਂ ਦੱਸਿਆ ਕਿ ਕੇਂਦਰੀ ਬਜਟ ਵਿੱਚ ਸਰਕਾਰ ਨੇ ਨੌਜਵਾਨਾਂ ਲਈ ਇੰਟਰਨਸ਼ਿਪ ਯੋਜਨਾ ਦਾ ਵੀ ਐਲਾਨ ਕੀਤਾ ਏ ਅਤੇ ਮੁਦਰਾ ਸਕੀਮ ਤਹਿਤ ਕਰਜ਼ੇ ਦੀ ਸਹੂਲਤ ਵੀ ਬਜਟ ਵਿੱਚ 10 ਲੱਖ ਤੋਂ ਵਧਾ ਕੇ 20 ਲੱਖ ਰੁਪਏ ਕਰ ਦਿੱਤੀ ਗਈ ਏ।

---

ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ ਮੰਤਰੀ ਭੂਪੇਂਦਰ ਯਾਦਵ ਨੇ ਕਿਹਾ ਏ ਕਿ ਉਨ੍ਹਾਂ ਦੇ ਮੰਤਰਾਲੇ ਨੇ "ਏਕ ਪੇੜ ਮਾਂ ਕੇ ਨਾਮ" ਮੁਹਿੰਮ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਲਈ ਸਾਰੇ ਸੰਸਦ ਮੈਂਬਰਾਂ ਨੂੰ ਇੱਕ ਪੱਤਰ ਲਿਖਿਆ ਏ। G ਲੋਕ ਸਭਾ ਵਿੱਚ ਇੱਕ ਸਵਾਲ ਦਾ ਜਵਾਬ ਦਿੰਦਿਆਂ ਉਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਾਤਾਵਰਨ ਦੀ ਸੁਰੱਖਿਆ ਅਤੇ ਜੰਗਲਾਤ ਖੇਤਰ ਵਿੱਚ ਵਾਧਾ ਕਰਨ ਦੀ ਮੁਹਿੰਮ ਸ਼ੁਰੂ ਕੀਤੀ ਏ। ਭੂਪੇਂਦਰ ਯਾਦਵ ਨੇ ਮੁਹਿੰਮ ਨੂੰ ਕਾਮਯਾਬ ਬਣਾਉਣ ਲਈ, ਇਕਜੁੱਟ ਹੋ ਕੇ ਉਪਰਾਲੇ ਕਰਨ ਦੀ ਅਪੀਲ ਕੀਤੀ ਏ।

---------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅੱਜ ਜਲੰਧਰ ਜ਼ਿਲੇ ਦੇ ਕੈਟਲ ਪੌਂਡ ਕੰਨੀਆ ਕਲਾਂ ਵਿਖੇ ਬੂਟੇ ਲਾਉਂਦਿਆਂ ਵਾਤਾਵਰਣ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਬੂਟੇ ਲਾਉਣ ਦੀ ਜਰੂਰਤ ’ਤੇ ਜ਼ੋਰ ਦਿੱਤਾ। ਉਨਾਂ ਪ੍ਰਬੰਧਕ ਕਮੇਟੀ ਅਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਕੈਟਲ ਪੌਂਡ ਦੀ ਖਾਲੀ ਜ਼ਮੀਨ ਵਿੱਚ 500 ਤੋਂ ਵੱਧ ਬੂਟੇ ਲਗਾਏ ਜਿਹੜੇ ਕਿ ਸੀਚੇਵਾਲ ਨਰਸਰੀ ਵੱਲੋਂ ਮੁਫ਼ਤ ਮੁਹੱਈਆ ਕਰਵਾਏ ਗਏ ਸਨ। ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪਿੰਦਰ ਪੰਡੋਰੀ ਵੀ

ਹਾਜ਼ਰ ਰਹੇ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਇਸ ਮੌਕੇ ਲੋਕਾਂ ਨੂੰ ਚੌਗਿਰਦੇ ਦੀ ਸੰਭਾਲ ਅਤੇ ਪੰਜਾਬ ਦੀ ਧਰਤੀ ਨੂੰ ਹਰਿਆ-ਭਰਿਆ ਬਣਾਉਣ ਲਈ ਵੱਧ ਤੋਂ ਵੱਧ ਬੂਟੇ ਲਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਅਤੇ ਜਲਵਾਯੂ ਤਬਦੀਲੀ ਦਾ ਟਾਕਰਾ ਵੱਡੀ ਗਿਣਤੀ ਰੁੱਖ ਲਾ ਕੇ ਹੀ ਕੀਤਾ ਜਾ ਸਕਦਾ ਏ।

---

ਪੰਜਾਬ ਸਰਕਾਰ ਨੇ ਚਾਲੂ ਮਾਲੀ ਸਾਲ ਦੌਰਾਨ, ਜੰਗਲਾਤ ਵਿਭਾਗ ਦੇ ਸਹਿਯੋਗ ਨਾਲ, ਮਾਨਸੂਨ ਸੀਜਨ ਦੌਰਾਨ ਸੂਬੇ ਭਰ ਵਿੱਚ, ਕਰੀਬ 3 ਕਰੋੜ ਬੂਟੇ ਲਗਾਉਣ ਦਾ ਟੀਚਾ ਮਿੱਥਿਆ ਏ। ਅੰਮ੍ਰਿਤਸਰ ਜਿਲ੍ਹੇ ਨੂੰ 17 ਲੱਖ ਬੂਟੇ ਲਗਾਉਣ ਦਾ ਟੀਚਾ ਮਿਲਿਆ ਏ। ਜ਼ਿਲੇ ਦੇ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਵੱਖ-ਵੱਖ ਵਿਭਾਗਾਂ ਵਲੋਂ, 13 ਲੱਖ 98 ਹਜ਼ਾਰ ਤੋਂ ਵੱਧ ਬੂਟੇ ਲਗਾਏ ਜਾ ਚੁੱਕੇ ਨੇ ਜਿਹੜੇ ਕਿ 82.26 ਫੀਸਦੀ ਏ ਅਤੇ ਇਸ ਵੇਲੇ ਅੰਮ੍ਰਿਤਸਰ ਜ਼ਿਲ੍ਹਾ ਸੂਬੇ ਭਰ ਵਿੱਚ ਪਹਿਲੇ ਨੰਬਰ ਤੇ ਏ। ਉਨਾਂ ਦੱਸਿਆ ਕਿ ਕਿ ਛੇਤੀ ਹੀ ਰਹਿੰਦੇ ਟੀਚੇ ਨੂੰ ਪੂਰਾ ਕਰ ਲਿਆ ਜਾਵੇਗਾ। ਉਨਾਂ ਜੰਗਲਾਤ ਵਿਭਾਗ ਨੂੰ ਆਪਣੀਆਂ ਨਰਸਰੀਆਂ ਤੋਂ ਇਹ ਸਪਲਾਈ

ਨਿਰੰਤਰ ਜਾਰੀ ਰੱਖਣ ਦੀ ਹਦਾਇਤ ਕੀਤੀ। ਉਨਾਂ ਦੱਸਿਆ ਕਿ ਪੰਜਾਬ ਵਿੱਚ ਵਣਾਂ ਹੇਠ ਰਕਬਾ ਘੱਟ ਕੇ 5. 92 ਫੀਸਦੀ ਰਹਿ ਗਿਆ ਏ ਅਤੇ ਵਾਤਾਵਰਣ ਨੂੰ ਸੁਧਾਰਨ ਲਈ ਸੂਬੇ ਦਾ ਰੁੱਖਾਂ ਤੇ ਵਣਾਂ ਹੇਠ ਰਕਬਾ 2030 ਤੱਕ 7.5 ਫੀਸਦੀ ਕਰਨ ਲਈ ਸਰਕਾਰ ਵਲੋਂ ਇਕ ਨਵੀਂ ਪਹਿਲ ਸ਼ੁਰੂ ਕੀਤੀ ਗਈ ਏ। ਉਨਾਂ ਦੱਸਿਆ ਕਿ ਵਣ ਭੂਮੀ ਤੋਂ ਇਲਾਵਾ ਗੈਰ ਵਣ ਭੂਮੀ ਤੇ ਵੀ ਵੱਡੇ ਪੱਧਰ ਤੇ ਬੂਟੇ ਲਗਾਏ ਜਾ ਰਹੇ ਨੇ ਅਤੇ ਇਸ ਕੰਮ ਲਈ ਪੰਚਾਇਤੀ ਰਕਬਿਆਂ ਦੀ ਮੁੱਖ ਭੂਮਿਕਾ ਹੋਵੇਗੀ।

---------------------------------------------------------------

ਏਧਰ ਮੋਗਾ ਜ਼ਿਲੇ ਦੇ ਨਿਵਾਸੀ ਮਜਵੰਤ ਕੌਰ ਨੇ ਧਰਤੀ ਦੀ ਬੇਹਤਰੀ ਲਈ ਵੱਧ ਤੋਂ ਵੱਧ ਬੂਟੇ ਲਾਉਣ ਦੀ ਮੁਹਿੰਮ ਵਿਚ ਜੁਟੇ ਹੋਏ ਨੇ ।

---------------------------------------------------------------

ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲੇ ਤੇ ਪ੍ਰਬੰਧਕੀ ਸੁਧਾਰ ਮੰਤਰੀ, ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਬੀ.ਡੀ.ਪੀ.ਓ. ਦਫ਼ਤਰ ਡੇਰਾ ਬਾਬਾ ਨਾਨਕ ਵਿਖੇ ਲਗਾਏ ਗਏ, 'ਸਰਕਾਰ ਤੁਹਾਡੇ ਦੁਆਰ' ਕੈਂਪ ਦੌਰਾਨ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ। ਪੱਤਰਕਾਰਾਂ ਨਾਲ ਗੱਲ

ਕਰਦਿਆਂ ਉਨਾਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀਆਂ ਦੁੱਖ ਤਕਲੀਫ਼ਾਂ ਦੂਰ ਕਰਨ ਲਈ ਵਚਨਬੱਧ ਏ ਅਤੇ ਸਰਕਾਰ ਹੁਣ ਲੋਕਾਂ ਦੇ ਪਿੰਡਾਂ ਅਤੇ ਮੁਹੱਲਿਆਂ ਵਿਚ ਜਾ ਕੇ ਮਸਲੇ ਹੱਲ ਕਰ ਰਹੀ ਏ। ਉਨਾਂ ਕਿਹਾ ਕਿ ਕੈਂਪ ਵਿੱਚ ਬਲਾਕ ਡੇਰਾ ਬਾਬਾ ਨਾਨਕ, ਕਲਾਨੌਰ ਅਤੇ ਧਾਰੀਵਾਲ ਦੇ ਪਿੰਡਾਂ ਦੇ ਵਸਨੀਕਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ । ਕੁਲਦੀਪ ਸਿੰਘ ਧਾਲੀਵਾਲ ਨੇ ਮੌਜੂਦ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ, ਪਹਿਲ ਦੇ ਅਧਾਰ ’ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ। ਉਨ੍ਹਾਂ ਕੈਂਪ ਵਿੱਚ ਆਏ ਵਿਅਕਤੀਆਂ ਨੂੰ ਭਰੋਸਾ ਦਿੱਤਾ ਕਿ ਲੋਕਾਂ ਨੂੰ ਹੁਣ ਆਪਣੇ ਰੋਜ਼ਮਰਾਂ ਦੇ ਕੰਮਾਂ ਲਈ ਦਫ਼ਤਰਾਂ ਵਿੱਚ ਖੱਜ਼ਲ-ਖੁਆਰ ਨਹੀਂ ਹੋਣ ਦਿੱਤਾ ਜਾਵੇਗਾ।

---

ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਹੁਕਮਾਂ ਰਾਹੀਂ, ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਲੜਨ ਵਾਲੇ 6 ਉਮੀਦਵਾਰਾਂ ਨੂੰ ਅਯੋਗ ਐਲਾਨਿਆ ਗਿਆ ਏ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਨ੍ਹਾਂ ਉਮੀਦਵਾਰਾਂ ਨੇ ਲੋਕ ਨੁਮਾਇੰਦਗੀ ਐਕਟ, 1951 ਦੇ ਸੈਕਸ਼ਨ 78 ਅਨੁਸਾਰ ਮਿਥੀ ਸਮਾਂ ਸੀਮਾ ਅੰਦਰ ਆਪਣੇ ਚੋਣ ਖਰਚੇ ਦਾ ਵੇਰਵਾ ਕਮਿਸ਼ਨ ਕੋਲ ਜਮ੍ਹਾਂ ਨਹੀਂ ਕਰਵਾਇਆ ਜਿਸ ਕਰਕੇ

ਅਗਲੇ 3 ਸਾਲ ਤੱਕ ਇਨ੍ਹਾਂ ਉਮੀਦਵਾਰਾਂ ਨੂੰ ਚੋਣ ਲੜਨ ਦੇ ਅਯੋਗ ਕਰਾਰ ਦਿੱਤਾ ਗਿਆ ਏ । ਸਿਬਿਨ ਸੀ ਨੇ ਦੱਸਿਆ ਕਿ ਇਹ ਸਾਰੇ 6 ਉਮੀਦਵਾਰ ਗੁਰਦਾਸਪੁਰ ਜ਼ਿਲ੍ਹੇ ਨਾਲ ਸਬੰਧਤ ਨੇ। ਬਟਾਲਾ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਸੁੱਚਾ ਸਿੰਘ, ਕਾਦੀਆਂ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਪ੍ਰੇਮ ਸਿੰਘ ਤੇ ਹਰਦੀਪ ਸਿੰਘ, ਗੁਰਦਾਸਪੁਰ ਵਿਧਾਨ ਸਭਾ ਸੀਟ ਤੋਂ ਉਮੀਦਵਾਰ ਸੰਨੀ, ਕਰਨਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਨੂੰ ਅਗਲੇ 3 ਸਾਲ ਤੱਕ ਚੋਣ ਲੜਨ ਦੇ ਅਯੋਗ ਐਲਾਨਿਆ ਗਿਆ ਏ।

-----------------------------------------------------

ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰਾਲਾ ਭਾਰਤ ਸਰਕਾਰ ਅਤੇ ਏਜੰਸੀ ਐਲਿਮਕੋ ਮੁਹਾਲੀ ਨੇ ਫਰੀਦਕੋਟ ਜਿਲਾ ਪ੍ਰਸ਼ਾਸ਼ਨ ਤੇ ਰੈੱਡ ਕਰਾਸ ਦੀ ਮਦਦ ਨਾਲ, ਅਮਰ ਆਸ਼ਰਮ ਵਿੱਚ ਐਡਿਪ ਸਕੀਮ ਅਧੀਨ ਦਿਵਿਆਂਗਜਨਾਂ ਨੂੰ, ਮੁਫਤ ਉਪਕਰਨਾਂ ਦੀ ਵੰਡ ਕੀਤੀ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਇਸ ਵਿਚ ਵਿਸੇਸ਼ ਤੌਰ ਤੇ ਮੌਜੂਦ ਰਹੇ। ਉਨਾਂ ਕਿਹਾ ਕਿ ਵਿਸ਼ੇਸ਼ ਜਰੂਰਤਾਂ ਵਾਲੇ ਵਿਅਕਤੀ ਸਾਡੇ ਸਮਾਜ ਦਾ ਅਨਿੱਖੜਵਾਂ ਅੰਗ ਨੇ ਅਤੇ ਇਨ੍ਹਾਂ ਦੀ ਮਦਦ ਕਰਨਾ ਸਾਡਾ

ਨੈਤਿਕ ਫਰਜ਼ ਬਣਦਾ ਏ । ਉਨ੍ਹਾਂ ਕਿਹਾ ਕਿ ਦਿਵਿਆਂਗਜਨਾਂ ਨੂੰ ਸਹਾਇਕ ਉਪਕਰਨਾਂ ਦੀ ਵੰਡ ਕਰਨਾ ਉਨ੍ਹਾ ਨੂੰ ਸਮਾਜ ਦੀ ਧਾਰਾ ਨਾਲ ਜੋੜਨ ਦਾ ਇੱਕ ਨਿੱਕਾ ਜਿਹਾ ਉਪਰਾਲਾ ਏ, ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ । ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਇਨ੍ਹਾਂ ਲੋੜਵੰਦ ਦਿਵਯਾਂਗਜਨਾਂ ਨੂੰ ਜਰੂਰਤ ਅਨੁਸਾਰ ਟਰਾਈ ਸਾਈਕਲ, ਵੀਅਲ ਚੇਅਰ, ਫੜੀਆਂ ਅਤੇ ਕੰਨ ਤੇ ਲਗਾਉਣ ਵਾਲੀਆਂ ਮਸ਼ੀਨਾਂ ਦਿੱਤੀਆਂ ਗਈਆਂ ਨੇ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਦਿਵਯਾਂਗਜਨਾਂ ਨੂੰ ਬਣਦਾ ਮਾਨ ਸਨਮਾਨ ਦੇਣ ਅਤੇ ਇਨ੍ਹਾਂ ਦੀ ਮਦਦ ਲਈ ਅੱਗੇ ਆਉਣ ।

--------------------------------------------------------

ਪੈਰਿਸ ਓਲੰਪਿਕ ਵਿਚ ਭਾਰਤੀ ਹਾਕੀ ਟੀਮ ਭਲਕੇ, 6 ਅਗਸਤ ਨੂੰ ਆਪਣਾ ਸੈਮੀਫਾਈਨਲ ਮੈਚ ਜਰਮਨੀ ਨਾਲ ਖੇਡੇਗੀ। ਇਹ ਮੈਚ ਰਾਤ ਸਾਢੇ 10 ਵਜੇ ਸ਼ੁਰੂ ਹੋਵੇਗਾ। ਦੂਜਾ ਸੈਮੀਫਾਈਨਲ ਨੀਦਰਲੈਂਡ ਅਤੇ ਸਪੇਨ ਵਿਚਾਲੇ ਖੇਡਿਆ ਜਾਵੇਗਾ। ਇਹ ਮੈਚ ਸ਼ਾਮ ਸਾਢੇ ਪੰਜ ਵਜੇ ਸ਼ੁਰੂ ਹੋਵੇਗਾ।

--------------------------------------------------------

ਇਸ ਦੌਰਾਨ ਭਾਰਤੀ ਸ਼ਟਲਰ ਲਕਸ਼ਯ ਸੇਨ ਦਾ ਮਰਦ ਸਿੰਗਲਜ਼ ਦੇ ਬੈਡਮਿੰਟਨ ਮੈਚ ਵਿਚ ਕਾਂਸੇ ਦੇ ਤਗਮੇ ਲਈ ਮੈਚ ਇਸ ਵੇਲੇ ਮਲੇਸ਼ੀਆ ਦੇ ਜ਼ੀ ਜੀਆ ਲੀ ਨਾਲ ਚੱਲ ਰਿਹਾ ਏ। ਲਕਸ਼ਯ ਦਾ ਟੀਚਾ ਓਲੰਪਿਕ ਮੈਡਲ ਜਿੱਤਣ ਵਾਲੇ ਪਹਿਲੇ ਭਾਰਤੀ ਮਰਦ ਸ਼ਟਲਰ ਬਣਨ ਅਤੇ ਭਾਰਤ ਦੀ ਸੂਚੀ ਵਿੱਚ ਚੌਥਾ ਤਮਗਾ ਜੋੜਨ ਦਾ ਹੋਵੇਗਾ। ਔਰਤਾਂ ਦੇ ਟੇਨਿਸ ਵਿਚ ਭਾਰਤੀ ਟੀਮ ਕੁਆਰਟਰ ਫਾਈਨਲ ਵਿਚ ਦਾਖ਼ਲ ਹੋ ਗਈ ਏ। ਓਲੰਪਿਕ ਦੇ ਇਤਿਹਾਸ ਵਿਚ ਇਹ ਪਹਿਲੀ ਵਾਰ ਏ, ਕਿ ਜਦੋਂ ਟੇਨਿਸ ਟੀਮ ਕੁਆਰਟਰ ਫਾਈਨਲ ਤਕ ਪੁੱਜੀ ਏ।